15ਵੀਂ ਵਿਧਾਨ ਸਭਾ
ਵਿਸ਼ੇਸ਼ (ਨੌਵਾਂ) ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 2

**ਵੀਰਵਾਰ, 07 ਨਵੰਬਰ, 2019**

**(11.00 ਵਜੇ ਸਵੇਰ ਤੋਂ 12.28 ਵਜੇ ਬਾਅਦ ਦੁਪਹਿਰ ਤੱਕ)**

1. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

2. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: II ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 15 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

3. **ਸਰਕਾਰੀ ਮਤਾ**

1. ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਦਿਹਾਤੀ ਵਿਕਾਸ ਤੇ ਪੰਚਾਇਤਾਂ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਮਤਾ ਸਦਨ ਵਲੋਂ ਸੋਧ ਅਨੁਸਾਰ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

" ਕਿ ਜਾਹਰ ਪੀਰ, ਜਗਤ ਗੁਰੂ ਬਾਬਾ ਨਾਨਕ ਜੀ ਨੇ ਜਾਤ-ਪਾਤ, ਊਚ-ਨੀਚ ਅਤੇ ਪੁਰਖ-ਨਾਰ ਦੇ ਵਿਤਕਰੇ ਤੋਂ ਮੁਕਤ ਇੱਕ ਕਲਿਆਣਕਾਰੀ ਸਮਾਜ ਸਿਰਜਣ ਦਾ ਸੁਪਨਾ ਲਿਆ ਸੀ। ਇਸੇ ਕਰਕੇ ਹੀ ਗੁਰਬਾਣੀ ਅਤੇ ਗੁਰ ਇਤਿਹਾਸ ਵਿੱਚ ਕਿਧਰੇ ਵੀ ਔਰਤ ਨਾਲ ਵਿਤਕਰੇ ਦੀ ਕੋਈ ਮਿਸਾਲ ਨਹੀਂ ਮਿਲਦੀ। ਪਰ ਇਹ ਬਹੁਤ ਹੀ ਦੁੱਖ ਦੀ ਗੱਲ ਹੈ ਕਿ ਸਿੱਖੀ ਦੇ ਸਭ ਤੋਂ ਵੱਡੇ ਕੇਂਦਰ ਸਚ ਖੰਡਿ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿੱਚ ਬੀਬੀਆਂ ਨੂੰ ਕੀਰਤਨ ਕਰਨ ਦੀ ਇਜਾਜ਼ਤ ਨਹੀਂ ਹੈ। ਪੰਜਾਬ ਵਿਧਾਨ ਸਭਾ ਦਾ ਇਹ ਸਦਨ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬੇਨਤੀ ਕਰਦਾ ਹੈ ਕਿ ਬਾਣੀ ਸਿਧਾਂਤ ਵਿਰੋਧੀ ਇਸ ਪ੍ਰਥਾ ਨੂੰ ਖਤਮ ਕਰਕੇ ਸਿੱਖ ਬੀਬੀਆਂ ਨੂੰ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿੱਚ ਕੀਰਤਨ ਕਰਨ ਦੀ ਇਜਾਜ਼ਤ ਦੇਵੇ।"

ਮਤਾ ਪੇਸ਼ ਕਰਦੇ ਹੋਏ ਮਾਨਯੋਗ ਮੰਤਰੀ 02 ਮਿੰਟ ਲਈ ਬੋਲੇ। ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 2. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 03 ਮਿੰਟ |
| 3. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 4. | ਸਰਦਾਰ ਬਲਵਿੰਦਰ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 03 ਮਿੰਟ |
| 5. | ਸ਼੍ਰੀ ਕੰਵਰ ਸੰਧੂ, ਆਮ ਆਦਮੀ ਪਾਰਟੀ | 01 ਮਿੰਟ |

2. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਜੋ ਸਦਨ ਵਲੋਂ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

" ਇਹ ਸਦਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਿਤੀ 6 ਨਵੰਬਰ, 2019 ਨੂੰ ਹੋਏ ਵਿਸ਼ੇਸ਼ ਸਮਾਗਮ ਵਿੱਚ ਸੂਬਾ ਸਰਕਾਰ ਦੇ ਆਗ੍ਰਹਿ ਕਰਨ ਤੇ ਦੇਸ਼ ਦੇ ਮਾਨਯੋਗ ਉਪ ਰਾਸ਼ਟਰਪਤੀ ਸ਼੍ਰੀ ਐਮ. ਵੈਂਕਈਆ ਨਾਇਡੂ ਜੀ, ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਜੀ, ਪੰਜਾਬ ਦੇ ਰਾਜਪਾਲ ਸ਼੍ਰੀ ਵੀ.ਪੀ ਸਿੰਘ ਬਦਨੌਰ, ਹਰਿਆਣਾ ਦੇ ਰਾਜਪਾਲ ਸ਼੍ਰੀ ਸਤਿਆ ਦੇਵ ਨਰਾਇਣ ਆਰਿਆ, ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਮਨੋਹਰ ਲਾਲ ਖੱਟਰ ਅਤੇ ਪੁਹੰਚੀਆਂ ਸਮੂਹ ਪ੍ਰਮੁੱਖ ਸ਼ਖਸੀਅਤਾਂ ਦਾ ਇਥੇ ਪੁਹੰਚਣ ਤੇ ਅਤੇ ਉਨ੍ਹਾਂ ਵਲੋਂ ਬਾਬਾ ਨਾਨਕ ਜੀ ਦੀ ਫਿਲਾਸਫੀ ਬਾਰੇ ਪੇਸ਼ ਕੀਤੇ ਗਏ ਆਪਣੇ ਵੱਡਮੁੱਲੇ ਵਿਚਾਰਾਂ ਲਈ ਉਨ੍ਹਾਂ ਦਾ ਧੰਨਵਾਦ ਕਰਦਾ ਹੈ। "

4. **ਵਿਧਾਨਕ ਕੰਮ-ਕਾਰ**

1. **ਪੰਜਾਬ ਗੈਰ-ਸਹਾਇਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਦੀਆਂ ਫੀਸਾਂ ਨੂੰ ਰੈਗੂਲੇਟ ਕਰਨ ਸਬੰਧੀ (ਸੋਧਨਾ) ਬਿਲ, 2019**

ਸਿੱਖਿਆ ਮੰਤਰੀ ਨੇ ਪੰਜਾਬ ਗੈਰ-ਸਹਾਇਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਦੀਆਂ ਫੀਸਾਂ ਨੂੰ ਰੈਗੂਲੇਟ ਕਰਨ ਸਬੰਧੀ (ਸੋਧਨਾ) ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 04 ਮਿੰਟ |
| 2. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 03 ਮਿੰਟ |
| 3. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 03 ਮਿੰਟ |
| 4. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 5. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 6. | ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਸਲਾਹਕਾਰ/ਮੁੱਖ ਮੰਤਰੀ | 01 ਮਿੰਟ |
| 7. | ਸਰਦਾਰ ਕੁਲਜੀਤ ਸਿੰਘ ਨਾਗਰਾ, ਸਲਾਹਕਾਰ/ਮੁੱਖ ਮੰਤਰੀ | 01 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 5 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਗੈਰ-ਸਹਾਇਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਦੀਆਂ ਫੀਸਾਂ ਨੂੰ ਰੈਗੂਲੇਟ ਕਰਨ ਸਬੰਧੀ (ਸੋਧਨਾ) ਬਿਲ, 2019" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸ਼੍ਰੀ ਵਿਜੈ ਇੰਦਰ ਸਿੰਗਲਾ, ਸਿੱਖਿਆ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 04 ਮਿੰਟ ਲਈ ਬੋਲੇ।

2. **ਪੰਜਾਬ ਰਾਜ ਅਨੁਸੂਚਿਤ ਜਾਤੀਆਂ ਲਈ ਕਮਿਸ਼ਨ (ਸੋਧਨਾ) ਬਿਲ, 2019**

ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਲਈ ਕਮਿਸ਼ਨ (ਸੋਧਨਾ) ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 2. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 02 ਮਿੰਟ |
| 3. | ਸਰਦਾਰ ਲਖਬੀਰ ਸਿੰਘ ਲੋਧੀਨੰਗਲ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 3 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਰਾਜ ਅਨੁਸੂਚਿਤ ਜਾਤੀਆਂ ਲਈ ਕਮਿਸ਼ਨ (ਸੋਧਨਾ) ਬਿਲ, 2019" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਸਾਧੂ ਸਿੰਘ ਧਰਮਸੋਤ, ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

3. **ਪੰਜਾਬ ਰਾਜ ਵਿਧਾਨ ਮੰਡਲ (ਅਯੋਗਤਾ ਤੇ ਰੋਕ) ਸੋਧਨਾ ਬਿਲ, 2019**

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਰਾਜ ਵਿਧਾਨ ਮੰਡਲ (ਅਯੋਗਤਾ ਤੇ ਰੋਕ) ਸੋਧਨਾ ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |
| 2. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 3. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 03 ਮਿੰਟ |
| 4. | ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਸਲਾਹਕਾਰ/ਮੁੱਖ ਮੰਤਰੀ | 09 ਮਿੰਟ |
| 5. | ਸਰਦਾਰ ਕੁਲਜੀਤ ਸਿੰਘ ਨਾਗਰਾ, ਸਲਾਹਕਾਰ/ਮੁੱਖ ਮੰਤਰੀ | 03 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਰਾਜ ਵਿਧਾਨ ਮੰਡਲ (ਅਯੋਗਤਾ ਤੇ ਰੋਕ) ਸੋਧਨਾ ਬਿਲ, 2019" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

5. <u>ਵਾਕ ਆਊਟ</u>

ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਪੰਜਾਬ ਰਾਜ ਵਿਧਾਨ ਮੰਡਲ (ਅਯੋਗਤਾ ਤੇ ਰੋਕ) ਸੋਧਨਾ ਬਿਲ, 2019 ਨੂੰ ਵਾਪਸ ਨਾ ਲੈਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਂਊਟ ਕਰ ਗਏ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ<br>07 ਨਵੰਬਰ, 2019

ਸ਼ਸ਼ੀ ਲਖਨਪਾਲ ਮਿਸ਼ਰਾ,<br>ਸਕੱਤਰ ।